# ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਸੈਮੀਨਾਰ ਕਰਵਾਇਆ

ਮਾਨਸਾ, 29 ਅਕਤੂਬਰ (ਮਿੱਤਲ)-ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ 2640 ਮੈਗਾਵਾਟ ਸਮੱਰਥਾ ਵਾਲੇ ਉਸਾਰੀ ਅਧੀਨ ਤਲਵੰਡੀ ਸਾਬੋ ਥਰਮਲ ਪਾਵਰ ਪਲਾਂਟ ਦੇ ਜ਼ਿਲਾ ਰੈੱਡ ਕਰਾਸ ਸੁਸਾਇਟੀ ਮਾਨਸਾ ਦੁਆਰਾ ਚਲਾਏ ਜਾ ਰਹੇ ਨਸ਼ਾ ਛੁਡਾਊ ਕੇਂਦਰ ਦੇ ਸਹਿਯੋਗ ਨਾਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਏਪੁਰ ਵਿਖੇ ਇਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ,

ਜਿਸ ਵਿਚ ਨਸ਼ਾ ਛੁਡਾਓ ਕੇਂਦਰ ਦੇ ਪ੍ਰੋਜੈਕਟ ਡਾਇਰੈਕਟਰ ਅਤੇ ਮਨੋਵਿਗਿਆਨਕ ਡਾ. ਹਰਪਾਲ ਸਿੰਘ ਸਰਾਂ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਇਕ ਚੰਗੀ ਸਿਹਤਮੰਦ ਜ਼ਿੰਦਗੀ ਜਿਊਣ ਦੀ ਪ੍ਰੇਰਣਾ ਦਿੱਤੀ। ਅੰਤ ਵਿਚ ਸਕੂਲ ਵਿਦਿਆਰਥੀਆਂ ਨੇ ਭਵਿੱਖ ਵਿਚ ਨਸ਼ੇ ਨਾ ਕਰਨ ਦੀ ਸਹੁੰ ਚੁੱਕੀ।



ਨਸ਼ਿਆਂ ਖਿਲਾਫ਼ ਕਰਵਾਏ ਸੈਮੀਨਾਰ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਡਾ. ਸਰਾਂ। ਫੋਟੋ : ਮਿੱਤਲ